# ਚੌਪਈ ਸਾਹਿਬ

ੴ ਸ੍ਰੀ ਵਾਹਿਗੁਰੂ ਜੀ ਕੀ ਫਤਹ॥
ਪਾਤਸਾਹੀ ੧੦॥
ਕਬਜੋ ਬਾਚ ਬੇਨਤੀ॥
ਚੌਪਈ॥

ਹਮਰੀ ਕਰੋ ਹਾਥ ਦੈ ਰੱਛਾ॥ ਪੂਰਨ ਹੋਇ ਚਿਤ ਕੀ ਇੱਛਾ॥ ਤਵ ਚਰਨਨ ਮਨ ਰਹੈ ਹਮਾਰਾ॥ ਅਪਨਾ ਜਾਨ ਕਰੋ ਪ੍ਰਤਿਪਾਰਾ॥ ੧॥ ਹਮਰੇ ਦੁਸਟ ਸਭੈ ਤੁਮ ਘਾਵਹੁ॥ ਆਪੁ ਹਾਥ ਦੈ ਮੋਹਿ ਬਚਾਵਹੁ॥ ਸੁਖੀ ਬਸੈ ਮੋਰੋ ਪਰਿਵਾਰਾ॥ ਸੇਵਕ

ਸਿਖ੍ਯ ਸਭੈ ਕਰਤਾਰਾ॥ ੨॥ ਮੋ ਰੱਛਾ ਨਿਜੁ ਕਰ ਦੈ ਕਰਿਯੈ॥ ਸਭ ਬੈਰਨ ਕੌ ਆਜ ਸੰਘਰਿਯੈ॥ ਪੂਰਨ ਹੋਇ ਹਮਾਰੀ ਆਸਾ॥ ਤੋਰਿ ਭਜਨ ਕੀ ਰਹੈ ਪਯਾਸਾ॥ ੩॥ ਤੁਮਹਿ ਛਾਡਿ ਕੋਈ ਅਵਰ ਨ ਧਯਾਊਂ॥ ਜੋ ਬਰ ਚਾਹੌਂ ਸੁ ਤੁਮ ਤੇ ਪਾਊਂ॥ ਸੇਵਕ ਸਿੱਖ੍ਯ ਹਮਾਰੇ ਤਾਰੀਅਹਿ॥ ਚੁਨਿ ਚੁਨਿ ਸਤ੍ਰ ਹਮਾਰੇ ਮਾਰੀਅਹਿ॥ ੪॥ ਆਪੁ ਹਾਥ ਦੈ ਮੁਝੈ ਉਬਰਿਯੈ॥ ਮਰਨ ਕਾਲ ਕਾ ਤ੍ਰਾਸ ਨਿਵਰਿਯੈ॥ ਹੂਜੋ ਸਦਾ ਹਮਾਰੇ ਪੱਛਾ॥ ਸ੍ਰੀ ਅਸਿਧੁਜ ਜੂ ਕਰਿਯਹੁ ਰੱਛਾ॥ ੫॥ ਰਾਖਿ ਲੇਹੁ ਮੁਹਿ ਰਾਖਨਹਾਰੇ॥ ਸਾਹਿਬ ਸੰਤ ਸਹਾਇ ਪਯਾਰੇ॥ ਦੀਨ ਬੰਧੁ ਦੁਸਟਨ ਕੇ ਹੰਤਾ॥ ਤੁਮ ਹੋ ਪੁਰੀ ਚਤੁਰਦਸ ਕੰਤਾ॥ ੬॥ ਕਾਲ ਪਾਇ ਬ੍ਰਹਮਾ ਬਪੁ ਧਰਾ॥ ਕਾਲ ਪਾਇ ਸਿਵਜੂ ਅਵਤਰਾ॥ ਕਾਲ ਪਾਇ ਕਰਿ ਬਿਸਨ ਪ੍ਰਕਾਸਾ॥ ਸਕਲ ਕਾਲ ਕਾ ਕੀਆ ਤਮਾਸਾ॥ ੭॥ ਜਵਨ ਕਾਲ ਜੋਗੀ ਸਿਵ ਕੀਓ॥ ਬੇਦ ਰਾਜ ਬ੍ਰਹਮਾ

ਜੂ ਥੀਓ॥ ਜਵਨ ਕਾਲ ਸਭ ਲੋਕ ਸਵਾਰਾ॥ ਨਮਸਕਾਰ ਹੈ ਤਾਹਿ ਹਮਾਰਾ॥ ੮॥ ਜਵਨ ਕਾਲ ਸਭ ਜਗਤ ਬਨਾਯੋ॥ ਦੇਵ ਦੈਤ ਜੱਛਨ ਉਪਜਾਯੋ॥ ਆਦਿ ਅੰਤਿ ਏਕੈ ਅਵਤਾਰਾ॥ ਸੋਈ ਗੁਰੂ ਸਮਝਿਯਹੁ ਹਮਾਰਾ॥ ੯॥ ਨਮਸਕਾਰ ਤਿਸਹੀ ਕੋ ਹਮਾਰੀ॥ ਸਕਲ ਪ੍ਰਜਾ ਜਿਨ ਆਪ ਸਵਾਰੀ॥ ਸਿਵਕਨ ਕੋ ਸਵਗੁਨ ਸੁਖ ਦੀਓ॥ ਸੱਤ੍ਰੁਨ ਕੋ ਪਲ ਮੋ ਬਧ ਕੀਓ॥ ੧੦॥ ਘਟ ਘਟ ਕੇ ਅੰਤਰ ਕੀ ਜਾਨਤ॥ ਭਲੇ ਬੁਰੇ ਕੀ ਪੀਰ ਪਛਾਨਤ॥ ਚੀਟੀ ਤੇ ਕੁੰਚਰ ਅਸਥੂਲਾ॥ ਸਭ ਪਰ ਕ੍ਰਿਪਾ ਦ੍ਰਿਸਟਿ ਕਰਿ ਫੂਲਾ॥ ੧੧॥ ਸੰਤਨ ਦੁਖ ਪਾਏ ਤੇ ਦੁਖੀ॥ ਸੁਖ ਪਾਏ ਸਾਧਨ ਕੇ ਸੁਖੀ॥ ਏਕ ਏਕ ਕੀ ਪੀਰ ਪਛਾਨੈ॥ ਘਟ ਘਟ ਕੇ ਪਟ ਪਟ ਕੀ ਜਾਨੈ॥ ੧੨॥ ਜਬ ਉਦਕਰਖ ਕਰਾ ਕਰਤਾਰਾ॥ ਪ੍ਰਜਾ ਧਰਤ ਤਬ ਦੇਹ ਅਪਾਰਾ॥ ਜਬ ਆਕਰਖ ਕਰਤ ਹੋ ਕਬਹੂੰ॥

ਤੁਮ ਮੈਂ ਮਿਲਤ ਦੇਹ ਧਰ ਸਭਹੂੰ ॥ ੧੩ ॥ ਜੇਤੇ ਬਦਨ ਸ੍ਰਿਸਟਿ ਸਭ ਧਾਰੈ ॥ ਆਪੁ ਆਪਨੀ ਬੂਝਿ ਉਚਾਰੈ ॥ ਤੁਮ ਸਭ ਹੀ ਤੇ ਰਹਤ ਨਿਰਾਲਮ ॥ ਜਾਨਤ ਬੇਦ ਭੇਦ ਅਰੁ ਆਲਮ ॥ ੧੪ ॥ ਨਿਰੰਕਾਰ ਨ੍ਰਿਬਿਕਾਰ ਨ੍ਰਿਲੰਭ ॥ ਆਦਿ ਅਨੀਲ ਅਨਾਦਿ ਅਸੰਭ ॥ ਤਾ ਕਾ ਮੂੜ੍ਹ ਉਚਾਰਤ ਭੇਦਾ ॥ ਜਾ ਕੋ ਭੇਵ ਨ ਪਾਵਤ ਬੇਦਾ ॥ ੧੫ ॥ ਤਾ ਕੌ ਕਰਿ ਪਾਹਨ ਅਨੁਮਾਨਤ ॥ ਮਹਾ ਮੂੜ੍ਹ ਕਛੁ ਭੇਦ ਨ ਜਾਨਤ ॥ ਮਹਾਂਦੇਵ ਕੌ ਕਹਤ ਸਦਾ ਸਿਵ ॥ ਨਿਰੰਕਾਰ ਕਾ ਚੀਨਤ ਨਹਿ ਭਿਵ ॥ ੧੬ ॥ ਆਪੁ ਆਪੁਨੀ ਬੁਧਿ ਹੈ ਜੇਤੀ ॥ ਬਰਨਤ ਭਿੰਨ ਭਿੰਨ ਤੁਹਿ ਤੇਤੀ ॥ ਤੁਮਰਾ ਲਖਾ ਨ ਜਾਇ ਪਸਾਰਾ ॥ ਕਿਹ ਬਿਧਿ ਸਜਾ ਪ੍ਰਥਮ ਸੰਸਾਰਾ ॥ ੧੭ ॥ ਏਕੈ ਰੂਪ ਅਨੂਪ ਸਰੂਪਾ ॥ ਰੰਕ ਭਯੋ ਰਾਵ ਕਹੀ ਭੂਪਾ ॥ ਅੰਡਜ ਜੇਰਜ ਸੇਤਜ ਕੀਨੀ ॥ ਉਤਭੁਜ ਖਾਨਿ ਬਹੁਰਿ ਰਚਿ ਦੀਨੀ ॥ ੧੮ ॥ ਕਹੂੰ ਫੂਲਿ ਰਾਜਾ ਹ੍ਵੈ ਬੈਠਾ ॥ ਕਹੂੰ ਸਿਮਟਿ

ਭਯੋ ਸੰਕਰ ਇਕੈਠਾ॥ ਸਿਗਰੀ ਸ੍ਰਿਸਟਿ ਦਿਖਾਇ ਅਚੰਭਵ॥ ਆਦਿ ਜੁਗਾਦਿ
ਸਰੂਪ ਸੁਯੰਭਵ॥ ੧੯॥ ਅਬ ਰੱਛਾ ਮੇਰੀ ਤੁਮ ਕਰੋ॥ ਸਿੱਖ੍ਯ ਉਬਾਰਿ ਅਸਿੱਖ੍ਯ
ਸੰਘਰੋ॥ ਦੁਸਟ ਜਿਤੇ ਉਠਵਤ ਉਤਪਾਤਾ॥ ਸਕਲ ਮਲੇਛ ਕਰੋ ਰਣ ਘਾਤਾ॥
੨੦॥ ਜੇ ਅਸਿਧੁਜ ਤਵ ਸਰਨੀ ਪਰੇ॥ ਤਿਨ ਕੇ ਦੁਸਟ ਦੁਖਿਤ ਹ੍ਵੈ ਮਰੇ॥ ਪੁਰਖ
ਜਵਨ ਪਗ ਪਰੇ ਤਿਹਾਰੇ॥ ਤਿਨ ਕੇ ਤੁਮ ਸੰਕਟ ਸਭ ਟਾਰੇ॥ ੨੧॥ ਜੋ ਕਲਿ ਕੋ
ਇਕ ਬਾਰ ਧਿਐਹੈ॥ ਤਾ ਕੇ ਕਾਲ ਨਿਕਟਿ ਨਹਿ ਐਹੈ॥ ਰੱਛਾ ਹੋਇ ਤਾਹਿ ਸਭ
ਕਾਲਾ॥ ਦੁਸਟ ਅਰਿਸਟ ਟਰੈਂ ਤਤਕਾਲਾ॥ ੨੨॥ ਕ੍ਰਿਪਾ ਦ੍ਰਿਸਟਿ ਤਨ ਜਾਹਿ
ਨਿਹਰਿਹੋ॥ ਤਾ ਕੇ ਤਾਪ ਤਨਕ ਮਹਿ ਹਰਿਹੋ॥ ਰਿੱਧਿ ਸਿੱਧਿ ਘਰ ਮੋ ਸਭ ਹੋਈ॥
ਦੁਸਟ ਛਾਹ ਛ੍ਵੈ ਸਕੈ ਨ ਕੋਈ॥ ੨੩॥ ਏਕ ਬਾਰ ਜਿਨ ਤੁਮੈ ਸੰਭਾਰਾ॥ ਕਾਲ
ਫਾਸ ਤੇ ਤਾਹਿ ਉਬਾਰਾ॥ ਜਿਨ ਨਰ ਨਾਮ ਤਿਹਾਰੋ ਕਹਾ॥ ਦਾਰਿਦ ਦੁਸਟ ਦੋਖ

ਤੇ ਰਹਾ॥ ੨੪॥ ਖੜਗਕੇਤ ਮੈ ਸਰਣਿ ਤਿਹਾਰੀ॥ ਆਪੁ ਹਾਥ ਦੈ ਲੇਹੁ ਉਬਾਰੀ॥ ਸਰਬ ਠੌਰ ਮੋ ਹੋਹੁ ਸਹਾਈ॥ ਦੁਸਟ ਦੋਖ ਤੇ ਲੇਹੁ ਬਚਾਈ॥ ੨੫॥ ਕ੍ਰਿਪਾ ਕਰੀ ਹਮ ਪਰ ਜਗ ਮਾਤਾ॥ ਗ੍ਰੰਥ ਕਰਾ ਪੂਰਨ ਸੁਭ ਰਾਤਾ॥ ਕਿਲਬਿਖ ਸਕਲ ਦੇਹ ਕੋ ਹਰਤਾ॥ ਦੁਸਟ ਦੋਖਿਯਨ ਕੋ ਛੈ ਕਰਤਾ॥ ੨੬॥ ਸ੍ਰੀ ਅਸਿਧੁਜ ਜਬ ਭਏ ਦਇਆਲਾ॥ ਪੂਰਨ ਕਰਾ ਗ੍ਰੰਥ ਤਤਕਾਲਾ॥ ਮਨ ਬਾਂਛਤ ਫਲ ਪਾਵੈ ਸੋਈ॥ ਦੂਖ ਨ ਤਿਸੈ ਬਿਆਪਤ ਕੋਈ॥ ੨੭॥

ਅੜਿੱਲ॥

ਸੁਨੈ ਗੁੰਗ ਜੋ ਯਾਹਿ ਸੁ ਰਸਨਾ ਪਾਵਈ॥ ਸੁਨੈ ਮੂੜ ਚਿਤ ਲਾਇ ਚਤੁਰਤਾ ਆਵਈ॥ ਦੂਖ ਦਰਦ ਭੌ ਨਿਕਟ ਨ ਤਿਨ ਨਰ ਕੇ ਰਹੈ॥ ਹੋ ਜੋ ਯਾਕੀ ਏਕ ਬਾਰ

ਚੌਪਈ ਕੋ ਕਹੈ ॥ ੨੮ ॥

## ਚੌਪਈ ॥

ਸੰਬਤ ਸੱਤ੍ਰਹ ਸਹਸ ਭਣਿੱਜੈ ॥ ਅਰਧ ਸਹਸ ਫੁਨਿ ਤੀਨਿ ਕਹਿੱਜੈ ॥ ਭਾਦ੍ਰਵ ਸੁਦੀ ਅਸਟਮੀ ਰਵਿਵਾਰਾ ॥ ਤੀਰ ਸਤੁੱਦ੍ਰਵ ਗ੍ਰੰਥ ਸੁਧਾਰਾ ॥ ੨੯ ॥

(ਦਸਮ ੧੩੮੬-੮੮)

## ਸ੍ਵੈਯਾ ॥

ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੇ ਨਹੀ ਆਨਯੋ ॥ ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤ ਏਕ ਨ ਮਾਨਯੋ ॥ ਸਿੰਮ੍ਰਿਤਿ ਸਾਸਤ੍ਰ ਬੇਦ ਸਭੈ

ਬਹੁ ਭੇਦ ਕਹੈਂ ਹਮ ਏਕ ਨ ਜਾਨਯੋ ॥ ਸ੍ਰੀ ਅਸਿਪਾਨ ਕ੍ਰਿਪਾ ਤੁਮਰੀ ਕਰਿ ਮੈ ਨ ਕਹ੍ਯੋ ਸਭ ਤੋਹਿ ਬਖਾਨ੍ਯੋ ॥ ੧ ॥

ਦੋਹਰਾ ॥

ਸਗਲ ਦੁਆਰ ਕਉ ਛਾਡਿ ਕੈ ਗਹਿਓ ਤੁਹਾਰੋ ਦੁਆਰ ॥ ਬਾਂਹਿ ਗਹੇ ਕੀ ਲਾਜ ਅਸ ਗੋਬਿੰਦ ਦਾਸ ਤੁਹਾਰ ॥ ੨ ॥ (ਦਸਮ ੨੫੪)